# ਦਫ਼ਤਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟਰੇਟ, ਫਰੀਦਕੋਟ
# Office of the Deputy Commissioner-cum-Distt. Magistrate, Faridkot

(ਫੁਟਕਲ ਸ਼ਾਖਾ)

ਹੁਕਮ 199 /ਫਸ

ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਅਤੇ ਪ੍ਰੀਵਾਰ ਭਲਾਈ ਵਿਭਾਗ ਜੀ ਦੇ ਪੱਤਰ ਨੰਬਰ PH/SHFW/2020/183-186 ਮਿਤੀ 14.03.2020 ਰਾਹੀਂ ਲੋਕ ਹਿੱਤਾਂ ਵਿੱਚ ਕੋਰੋਨਾ ਵਾਇਰਸ (COVID-19) ਦੇ ਪ੍ਰਭਾਵ ਨੂੰ ਰੋਕਣ ਲਈ ਰਾਜ ਦੇ ਸਮੂਹ ਸਿਨੇਮਾਂ ਹਾਲ, ਜਿਮ, ਸਵਿਮਿੰਗ ਪੂਲ ਅੱਜ ਰਾਤ ਮਿਤੀ 14.03.2020 ਤੋਂ ਅਗਲੇ ਹੁਕਮਾਂ ਤੱਕ ਬੰਦ ਰਹਿਣਗੇ। ਇਸ ਤੋਂ ਇਲਾਵਾ ਆਮ ਪਬਲਿਕ ਦੇ ਇਕੱਠ ਜਿਵੇਂ ਕਿ ਖੇਡ ਪ੍ਰੋਗਰਾਮ, ਕਾਨਫਰੰਸ, ਸੱਭਿਆਚਾਰਕ ਪ੍ਰੋਗਰਾਮ, ਮੇਲੇ ਅਤੇ ਐਵਜੀਵੀਸ਼ਨ ਕਰਨ/ਲਗਾਉਣ ਦੇ ਵੀ ਮਨਾਹੀ ਦੇ ਹੁਕਮ ਜਾਰੀ ਕੀਤੇ ਗਏ ਹਨ।

ਇਸ ਲਈ ਮੈਂ ਕੁਮਾਰ ਸੌਰਭ ਰਾਜ, ਆਈ.ਏ.ਐਸ., ਜਿਲ੍ਹਾ ਮੈਜਿਸਟਰੇਟ, ਫਰੀਦਕੋਟ ਪੰਜਾਬ ਸਰਕਾਰ ਵੱਲੋਂ ਜਾਰੀ ਉਕਤ ਹੁਕਮਾਂ ਦੀ ਪਾਲਣਾ ਵਿੱਚ ਲੋਕ ਹਿੱਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਕੋਰੋਨਾ ਵਾਇਰਸ ਦੇ ਪ੍ਰਭਾਵ ਨੂੰ ਆਮ ਲੋਕਾਂ ਵਿੱਚ ਫੈਲਣ ਤੋਂ ਰੋਕਣ ਲਈ ਜਿਲ੍ਹਾ ਫਰੀਦਕੋਟ ਅੰਦਰ ਅੱਜ ਰਾਤ ਮਿਤੀ 14.03.2020 ਤੋਂ ਸਮੂਹ ਸਿਨੇਮਾਂ ਹਾਲ, ਜਿਮ, ਸਵਿਮਿੰਗ ਪੂਲ ਤੁਰੰਤ ਬੰਦ ਕਰਨ ਦਾ ਹੁਕਮ ਦਿੰਦਾ ਹਾਂ ਅਤੇ ਹਦਾਇਤ ਕੀਤੀ ਜਾਂਦੀ ਹੈ ਕਿ ਪੰਜਾਬ ਸਰਕਾਰ ਦੇ ਅਗਲੇ ਹੁਕਮਾਂ ਤੱਕ ਆਮ ਪਬਲਿਕ ਦੇ ਇਕੱਠ ਜਿਵੇਂ ਕਿ ਖੇਡ ਪ੍ਰੋਗਰਾਮ, ਕਾਨਫਰੰਸ, ਸੱਭਿਆਚਾਰਕ ਪ੍ਰੋਗਰਾਮ, ਮੇਲੇ ਅਤੇ ਐਵਜੀਵੀਸ਼ਨ ਕਰਨ/ਲਗਾਉਣ ਤੇ ਵੀ ਪਾਬੰਧੀ ਹੋਵੇਗੀ।

ਇਸ ਹੁਕਮ ਨੂੰ ਸੀਨੀਅਰ ਕਪਤਾਨ ਪੁਲਿਸ, ਫਰੀਦਕੋਟ ਅਤੇ ਸਮੂਹ ਉਪ ਮੰਡਲ ਮੈਜਿਸਟਰੇਟ ਜਿਲ੍ਹਾ ਫਰੀਦਕੋਟ ਲਾਗੂ ਕਰਵਾਉਣਾ ਯਕੀਨੀ ਬਣਾਉਣਗੇ।

ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ ਸਮੂਹ ਪ੍ਰਿੰਟ/ਇਲੈਕਟ੍ਰੋਨਿਕ, ਕੇਬਲ ਨੈਟਵਰਕ ਰਾਹੀਂ ਪ੍ਰਚਾਰ ਕਰਵਾਉਣਾ ਯਕੀਨੀ ਬਣਾਉਣਗੇ।

ਮਿਤੀ 14.03.2020

ਜਿਲ੍ਹਾ ਮੈਜਿਸਟਰੇਟ,
ਫਰੀਦਕੋਟ

ਜਿਲ੍ਹਾ ਮੈਜਿਸਟਰੇਟ ਫਰੀਦਕੋਟ

ਪਿ:ਅੰ:ਨੰ: 1209 /ਫਸ-ਫਕ-2 ਮਿਤੀ 14.03.2020

ਇਸ ਦਾ ਉਤਾਰਾ :-

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਅਤੇ ਪ੍ਰੀਵਾਰ ਭਲਾਈ ਵਿਭਾਗ, ਚੰਡੀਗੜ੍ਹ।
3) ਕਮਿਸ਼ਨਰ, ਫਰੀਦਕੋਟ ਮੰਡਲ, ਫਰੀਦਕੋਟ।
4) ਜਿਲ੍ਹਾ ਅਤੇ ਸੈਸ਼ਨ ਜੱਜ, ਫਰੀਦਕੋਟ।
5) ਸੀਨੀਅਰ ਕਪਤਾਨ ਪੁਲਿਸ, ਫਰੀਦਕੋਟ।
6) ਵਧੀਕ ਡਿਪਟੀ ਕਮਿਸ਼ਨਰ (ਜ) ਅਤੇ (ਵਿਕਾਸ), ਫਰੀਦਕੋਟ।
7) ਉਪ ਮੰਡਲ ਮੈਜਿਸਟਰੇਟ, ਫਰੀਦਕੋਟ, ਕੋਟਕਪੂਰਾ, ਜੈਤੋ।
8) ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਫਰਦੀਕੋਟ।
9) ਸਿਵਲ ਸਰਜਨ, ਫਰੀਦਕੋਟ।
10) ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਫਰੀਦਕੋਟ।
11) ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ।
12) ਜਿਲ੍ਹਾ ਖੇਡ ਅਫਸਰ, ਫਰੀਦਕੋਟ।

ਪਾਸ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਜਿਲ੍ਹਾ ਮੈਜਿਸਟਰੇਟ,
ਫਰੀਦਕੋਟ

Scanned with CamScanner